SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 45** | **Monday, March 06, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਓਨਟਾਰੀਓ ਦੇ ਲਿਬਰਲਾਂ ਨੇ ਮੈਕਗੈਰੀ ਨੂੰ ਨਿਯੁਕਤ ਕੀਤਾ ਪਾਰਟੀ ਪ੍ਰੈਜ਼ੀਡੈਂਟ

ਓਨਟਾਰੀਓ, 5 ਮਾਰਚ (ਪੋਸਟ ਬਿਊਰੋ) : ਓਨਟਾਰੀਓ ਦੀ ਸਾਬਕਾ ਲਿਬਰਲ ਕੈਬਨਿਟ ਮੰਤਰੀ ਤੇ ਮਿਊਂਸਪਲ ਆਗੂ ਨੂੰ ਹੁਣ ਲਿਬਰਲ ਪਾਰਟੀ ਦੀ ਨਵੀਂ ਪ੍ਰੈਜ਼ੀਡੈਂਟ ਨਿਯੁਕਤ ਕੀਤਾ ਗਿਆ ਹੈ।




ਹੈਮਿਲਟਨ ਵਿੱਚ ਹੋਈ ਪਾਰਟੀ ਦੀ ਸਾਲਾਨਾ ਜਨਰਲ ਮੀਟਿੰਗ ਦੇ ਆਖਰੀ ਦਿਨ ਇਸ ਅਹੁਦੇ ਲਈ ਕੈਥਰੀਨ ਮੈਕਗੈਰੀ ਦੇ ਨਾਂ ਦਾ ਐਲਾਨ ਕੀਤਾ ਗਿਆ। ਸਾਬਕਾ ਮੰਤਰੀ ਕੈਥਲੀਨ ਵਿੰਨ ਦੀ ਕੈਬਨਿਟ ਵਿੱਚ ਮੈਕਗੈਰੀ ਨੇ ਨੈਚੂਰਲ ਰਿਸੋਰਸਿਜ਼ ਤੇ ਟਰਾਂਸਪੋਰਟੇਸ਼ਨ ਮੰਤਰੀ ਵਜੋਂ ਸੇਵਾ ਨਿਭਾਈ ਪਰ 2018 ਵਿੱਚ ਉਹ ਆਪਣੇ ਹਲਕੇ ਕੈਂਬ੍ਰਿੱਜ ਦੀ ਸੀਟ ਗੁਆ ਬੈਠੀ। ਫਿਰ ਉਨ੍ਹਾਂ ਇੱਕ ਟਰਮ ਲਈ ਕੈਂਬ੍ਰਿੱਜ ਦੇ ਮੇਅਰ ਵਜੋਂ ਸੇਵਾ ਨਿਭਾਈ ਪਰ ਪਿਛਲੇ ਸਾਲ ਅਕਤੂਬਰ ਵਿੱਚ ਉਹ ਮੁੜ ਹਾਰ ਗਈ।

ਓਨਟਾਰੀਓ ਦੇ ਲਿਬਰਲਾਂ ਦੀ ਨਵੀਂ ਐਗਜ਼ੈਕਟਿਵ ਟੀਮ ਦੇ ਹੋਰਨਾਂ ਮੈਂਬਰਾਂ ਵਿੱਚ ਡੈਮੀਅਨ ਓਬ੍ਰਾਇਨ ਨੂੰ ਐਗਜ਼ੈਕਟਿਵ ਵਾਈਸ ਪ੍ਰੈਜ਼ੀਡੈਂਟ, ਪੰਕਜ ਸੰਧੂ ਨੂੰ ਸੈਕ੍ਰੇਟਰੀ ਤੇ ਟਿੰਮ ਸ਼ੌਰਟਹਿੱਲ ਨੂੰ ਖਜ਼ਾਨਚੀ ਬਣਾਇਆ ਗਿਆ ਹੈ। ਸੱਭ ਤੋਂ ਪਹਿਲਾਂ ਹੁਣ ਇਸ ਟੀਮ ਵੱਲੋਂ ਲੀਡਰਸ਼ਿਪ ਦੌੜ ਲਈ ਨਿਯਮ ਤੇ ਟਾਈਮਲਾਈਨ ਤੈਅ ਕੀਤੀ ਜਾਵੇਗੀ।

## ਅਗਲੇ ਹਫਤੇ ਵਿਆਜ਼ ਦਰਾਂ ਵਿੱਚ ਵਾਧਾ ਨਹੀਂ ਕਰੇਗਾ ਬੈਂਕ ਆਫ ਕੈਨੇਡਾ !

ਓਟਵਾ, 5 ਮਾਰਚ (ਪੋਸਟ ਬਿਊਰੋ) : ਬੈਂਕ ਆਫ ਕੈਨੇਡਾ ਵੱਲੋਂ ਵਿਆਜ਼ ਦਰਾਂ ਵਿੱਚ ਲਗਾਤਾਰ ਕੀਤੇ ਗਏ ਵਾਧੇ ਤੋਂ ਇੱਕ ਸਾਲ ਬਾਅਦ ਅਰਥਸ਼ਾਸਤਰੀਆਂ ਵੱਲੋਂ ਉਮੀਦ ਕੀਤੀ ਜਾ ਰਹੀ ਹੈ ਕਿ ਸੈਂਟਰਲ ਬੈਂਕ ਅਗਲੇ ਐਲਾਨ ਵਿੱਚ ਵਿਆਜ਼ ਦਰਾਂ ਵਿੱਚ ਵਾਧਾ ਨਹੀਂ ਕਰੇਗਾ।




ਸੀਆਈਬੀਸੀ ਦੇ ਐਗਜ਼ੈਕਟਿਵ ਡਾਇਰੈਕਟਰ ਆਫ ਇਕਨੌਮਿਕਸ ਕੈਰੀਨ ਚਾਰਬੌਨਿਊ ਨੇ ਆਖਿਆ ਕਿ ਅਗਲੇ ਹਫਤੇ ਬੈਂਕ ਵੱਲੋਂ ਆਪਣੀਆਂ ਵਿਆਜ਼ ਦਰਾਂ ਬਾਰੇ ਫੈਸਲਾ ਲਿਆ ਜਾਣਾ ਹੈ ਤੇ ਉਮੀਦ ਹੈ ਕਿ ਬੈਂਕ ਇਨ੍ਹਾਂ ਦਰਾਂ ਵਿੱਚ ਇਸ ਵਾਰੀ ਵਾਧਾ ਨਹੀਂ ਕਰੇਗਾ। ਤਾਜ਼ਾ ਇਕਨੌਮਿਕ ਡਾਟਾ ਤੋਂ ਸਾਹਮਣੇ ਆਇਆ ਹੈ ਕਿ ਮਹਿੰਗਾਈ ਦੀ ਰਫਤਾਰ ਕੁੱਝ ਮੱਠੀ ਪੈ ਰਹੀ ਹੈ। ਜ਼ਿਕਰਯੋਗ ਹੈ ਕਿ ਪਿਛਲੇ ਮਾਰਚ ਤੋਂ ਸੈਂਟਰਲ ਬੈਂਕ ਨੇ ਆਪਣੀਆਂ ਵਿਆਜ਼ ਦਰਾਂ ਵਿੱਚ ਜ਼ੀਰੋ ਤੋਂ ਸ਼ੁਰੂ ਕਰਕੇ 4·5 ਫੀ ਸਦੀ ਦਾ ਵਾਧਾ ਕੀਤਾ ਹੈ। ਇਹ ਸਾਲਾ 2007 ਤੋਂ ਲੈ ਕੇ ਸੱਭ ਤੋਂ ਵੱਧ ਹੈ।

ਜਨਵਰੀ ਵਿੱਚ ਅੱਠਵੀਂ ਵਾਰੀ ਵਿਆਜ਼ ਦਰਾਂ ਵਿੱਚ ਵਾਧਾ ਐਲਾਨਣ ਤੋਂ ਬਾਅਦ ਬੈਂਕ ਆਫ ਕੈਨੇਡਾ ਨੇ ਆਖਿਆ ਸੀ ਕਿ ਉਹ ਅਰਥਚਾਰੇ ਨੂੰ ਸੈਟਲ ਕਰਨ ਦੀ ਮੋਹਲਤ ਦੇਣ ਵਾਸਤੇ ਇਨ੍ਹਾਂ ਵਿਆਜ਼ ਦਰਾਂ ਵਿੱਚ ਵਾਧੇ ਉੱਤੇ ਥੋੜ੍ਹੀ ਦੇਰ ਲਈ ਰੋਕ ਲਾਵੇਗਾ। ਸੈਂਟਰਲ ਬੈਂਕ ਵੱਲੋਂ ਵਿਆਜ਼ ਦਰਾਂ ਵਿੱਚ ਅਗਲਾ ਫੈਸਲਾ ਬੁੱਧਵਾਰ ਨੂੰ ਐਲਾਨਿਆ ਜਾਵੇਗਾ।

## ਕੇਲਡਨ ਦੇ ਘਰ ਵਿੱਚੋਂ ਮਿਲੀਆਂ ਦੋ ਲਾਸ਼ਾਂ, ਪੁਲਿਸ ਕਰ ਰਹੀ ਹੈ ਜਾਂਚ

ਓਨਟਾਰੀਓ, 5 ਮਾਰਚ (ਪੋਸਟ ਬਿਊਰੋ) : ਗ੍ਰੇਟਰ ਟੋਰਾਂਟੋ ਏਰੀਆ ਦੇ ਇੱਕ ਘਰ ਵਿੱਚ ਦੋ ਵਿਅਕਤੀਆਂ ਦੇ ਮ੍ਰਿਤਕ ਪਾਏ ਜਾਣ ਉੱਤੇ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਕੋਲ ਹਾਲ ਦੀ ਘੜੀ ਕੋਈ ਮਸ਼ਕੂਕ ਨਹੀਂ ਹੈ।




ਪੁਲਿਸ ਨੇ ਦੱਸਿਆ ਕਿ ਸ਼ਨਿੱਚਰਵਾਰ ਸਵੇਰੇ 8:00 ਵਜੇ ਦੇ ਨੇੜੇ ਤੇੜੇ ਕੇਲਡਨ ਦੇ ਰਿਹਾਇਸ਼ੀ ਏਰੀਆ ਦੇ ਇੱਕ ਘਰ ਤੋਂ ਗੜਬੜੀ ਵਾਲੀਆਂ ਰਿਪੋਰਟਾਂ ਮਿਲੀਆਂ। ਮੌਕੇ ਉੱਤੇ ਪਹੁੰਚਣ ਉੱਤੇ ਪੁਲਿਸ ਨੂੰ ਉਸ ਘਰ ਵਿੱਚ ਦੋ ਵਿਅਕਤੀਆਂ ਦੀਆਂ ਲਾਸ਼ਾਂ ਮਿਲੀਆਂ। ਮ੍ਰਿਤਕਾਂ ਦੀ ਪਛਾਣ ਨਹੀਂ ਕੀਤੀ ਗਈ ਹੈ ਤੇ ਉਨ੍ਹਾਂ ਦੀ ਮੌਤ ਦੇ ਕਾਰਨ ਦਾ ਖੁਲਾਸਾ ਵੀ ਨਹੀਂ ਕੀਤਾ ਗਿਆ ਹੈ। ਪਰ ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਦੀਆਂ ਮੌਤਾਂ ਸ਼ੱਕ ਦੇ ਘੇਰੇ ਵਿੱਚ ਹਨ।

ਜਾਂਚਕਾਰਾਂ ਦਾ ਕਹਿਣਾ ਹੈ ਕਿ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਪਰ ਜਨਤਾ ਨੂੰ ਕਿਸੇ ਤਰ੍ਹਾਂ ਦਾ ਕੋਈ ਖਤਰਾ ਨਹੀਂ ਹੈ। ਪੁਲਿਸ ਨੇ ਇਹ ਪੁਸ਼ਟੀ ਵੀ ਕੀਤੀ ਹੈ ਕਿ ਹਾਲ ਦੀ ਘੜੀ ਕੋਈ ਵਿਅਕਤੀ ਸ਼ੱਕ ਦੇ ਘੇਰੇ ਵਿੱਚ ਨਹੀਂ ਹੈ ਪਰ ਉਨ੍ਹਾਂ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

## ਪੁਲਿਸ ਸਟੇਸ਼ਨ ਉੱਤੇ ਪ੍ਰੋਪੇਨ ਟੈਂਕ ਸੁੱਟਣ ਵਾਲੇ ਮਸ਼ਕੂਕ ਦੀ ਭਾਲ ਕਰ ਰਹੀ ਹੈ ਪੁਲਿਸ

ਟੋਰਾਂਟੋ, 5 ਮਾਰਚ (ਪੋਸਟ ਬਿਊਰੋ) : ਐਤਵਾਰ ਸਵੇਰ ਨੂੰ ਪੁਲਿਸ ਸਟੇਸ਼ਨ ਨੂੰ ਨੁਕਸਾਨ ਪਹੁੰਚਾਉਣ ਵਾਲੇ ਸ਼ਖ਼ਸ ਦੀ ਟੋਰਾਂਟੋ ਪੁਲਿਸ ਭਾਲ ਕਰ ਰਹੀ ਹੈ।

ਸਵੇਰੇ 4:15 ਵਜੇ ਪੁਲਿਸ ਵੱਲੋਂ ਬਲੂਅਰ ਸਟਰੀਟ ਵੈਸਟ ਤੇ ਡੰਡਾਸ ਸਟਰੀਟ ਵੈਸਟ ਏਰੀਆ ਵਿੱਚ ਇੱਕ ਵਿਅਕਤੀ ਵੱਲੋਂ ਕੀਤੀ ਗਈ ਸ਼ਰਾਰਤ ਦੀ ਜਾਂਚ ਕੀਤੀ ਜਾ ਰਹੀ ਹੈ। ਇੱਕ ਵਿਅਕਤੀ ਪੁਲਿਸ ਸਟੇਸ਼ਨ ਦਾਖਲ ਹੋਇਆ ਤੇ ਉਸ ਨੇ ਸਾਹਮਣੇ ਵਾਲੀ ਖਿੜਕੀ ਉੱਤੇ ਲੱਗੇ ਸ਼ੀਸ਼ੇ ਉੱਤੇ ਕੋਈ ਚੀਜ਼ ਦੇ ਮਾਰੀ, ਜਿਸ ਨਾਲ ਉਹ ਸ਼ੀਸ਼ਾ ਟੁੱਟ ਗਿਆ ਤੇ ਵੱਡਾ ਨੁਕਸਾਨ ਹੋਇਆ।

ਇਹ ਵੀ ਪਤਾ ਲੱਗਿਆ ਹੈ ਕਿ ਇਹ ਹੋਰ ਕੋਈ ਚੀਜ਼ ਨਹੀਂ ਪ੍ਰੋਪੇਨ ਗੈਸ ਟੈਂਕ ਸੀ। ਮਸ਼ਕੂਕ ਨੂੰ ਆਖਰੀ ਵਾਰੀ ਹਰੇ ਰੰਗ ਦੇ ਹੁੱਡ ਵਾਲੇ ਸਵੈਟਰ, ਕਾਲੇ ਰੰਗ ਦੀ ਬੈਗੀ ਪੈਂਟਸ ਤੇ ਚਿੱਟੇ ਰੰਗ ਦੇ ਐਡੀਡਾਸ ਦੇ ਜੁੱਤਿਆਂ ਵਿੱਚ ਵੇਖਿਆ ਗਿਆ।




NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ:
416-556-6884

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LEPAGE Flower City Realty

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
ਗਰਮੀਆਂ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
$10,000 per month Profit
Free Training, Equipement, Place and Utilities
1 ਮਈ ਤੋਂ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
Call Kumar: 437-925-4585
Email: startup2023abusiness@gmail.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Broker
Axxel InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500
ਬਲਵਿੰਦਰ




Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਸੀਐਨ ਰੇਲ ਯੂਨੀਅਨਾਂ ਨੇ ਹੜਤਾਲ ਦੇ ਪੱਖ ਵਿੱਚ ਪਾਈ ਵੋਟ




ਓਟਵਾ, 5 ਮਾਰਚ (ਪੋਸਟ ਬਿਊਰੋ) : ਸੀਐਨ ਰੇਲ ਨਾਲ ਕਾਂਟਰੈਕਟ ਸਬੰਧੀ ਗੱਲਬਾਤ ਕਰ ਰਹੀਆਂ ਦੋ ਯੂਨੀਅਨਾਂ ਵੱਲੋਂ ਹੜਤਾਲ ਦੇ ਪੱਖ ਵਿੱਚ ਵੋਟ ਪਾਈ ਗਈ ਹੈ।

ਪਿਛਲੇ ਮਹੀਨੇ ਰੇਲਵੇਅ ਨਾਲ ਕਾਂਟਰੈਕਟ ਸਬੰਧੀ ਗੱਲਬਾਤ ਟੁੱਟਣ ਤੋਂ ਬਾਅਦ ਯੂਨੀਫੌਰ ਲੋਕਲ 100 ਤੇ ਯੂਨੀਫਰ ਕਾਊਂਸਲ 4000 ਵੱਲੋਂ ਹੜਤਾਲ ਦੇ ਪੱਖ ਵਿੱਚ ਕ੍ਰਮਵਾਰ 98 ਫੀ ਸਦੀ ਤੇ 97 ਫੀ ਸਦੀ ਵੋਟ ਪਾਈ ਗਈ। 3000 ਕਾਮਿਆਂ ਦੀ ਅਗਵਾਈ ਕਰਨ ਵਾਲੀਆਂ ਇਨ੍ਹਾਂ ਯੂਨੀਅਨਜ਼ ਨਾਲ ਕਾਂਟਰੈਕਟ ਸਬੰਧੀ ਰੇਲਵੇ ਦੀ ਗੱਲਬਾਤ ਪਿਛਲੇ ਸਾਲ ਦੇ ਅੰਤ ਵਿੱਚ ਟੁੱਟੀ। ਯੂਨੀਫੌਰ ਨੇ ਦੱਸਿਆ ਕਿ ਸੀਐਨ ਨਾਲ ਪਿਛਲੇ ਸਾਲ ਅਕਤੂਬਰ 2022 ਤੋਂ ਉਸ ਦੇ ਗੱਲਬਾਤ ਸਬੰਧੀ ਪੰਜ ਸੈਸ਼ਨ ਹੋਏ। ਯੂਨੀਫੌਰ ਦੇ ਅਸਿਸਟੈਂਟ ਟੂ ਦ ਨੈਸ਼ਨਲ ਆਫੀਸਰਜ਼ ਬਰੂਸ ਸਨੋਅ ਨੇ ਆਖਿਆ ਕਿ ਹੁਣ ਦੋਵੇਂ ਧਿਰਾਂ 13 ਮਾਰਚ ਨੂੰ ਮਾਂਟਰੀਅਲ ਵਿੱਚ ਇਸ ਸਬੰਧ ਵਿੱਚ ਗੱਲਬਾਤ ਕਰਨਗੀਆਂ। ਉਨ੍ਹਾਂ ਆਖਿਆ ਕਿ ਮੁਲਾਜ਼ਮਾਂ ਨੂੰ ਆਸ ਹੈ ਕਿ ਉਸ ਦਿਨ ਨਵੀਂ ਡੀਲ ਸਿਰੇ ਚੜ੍ਹ ਜਾਵੇਗੀ ਨਹੀਂ ਤਾਂ ਹੜਤਾਲ ਤੋਂ ਬਿਨਾਂ ਉਨ੍ਹਾਂ ਕੋਲ ਹੋਰ ਕੋਈ ਬਦਲ ਨਹੀਂ ਬਚੇਗਾ।

# ਆਪਣੀ ਕਾਰ ਨਾਲ ਟੀਟੀਸੀ ਬੱਸ ਨੂੰ ਟੱਕਰ ਮਾਰਨ ਵਾਲਾ ਟੀਨੇਜਰ ਗ੍ਰਿਫਤਾਰ




ਸਕਾਰਬਰੋ, 5 ਮਾਰਚ (ਪੋਸਟ ਬਿਊਰੋ) : ਸਕਾਰਬਰੋ ਵਿੱਚ ਟੀਟੀਸੀ ਬੱਸ ਨਾਲ ਟੱਕਰ ਮਾਰਨ ਤੋਂ ਬਾਅਦ ਫਰਾਰ ਹੋਣ ਵਾਲੇ ਟੀਨੇਜਰ ਡਰਾਈਵਰ ਨੂੰ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਵੀਰਵਾਰ ਨੂੰ ਰਾਤੀਂ 11:00 ਵਜੇ ਦੇ ਨੇੜੇ ਤੇੜੇ ਸਟੀਲਜ਼ ਐਵਨਿਊ ਤੇ ਟੈਪਸਕੌਟ ਰੋਡ ਇਲਾਕੇ ਵਿੱਚ ਵਾਪਰੇ ਇਸ ਹਾਦਸੇ ਤੋਂ ਬਾਅਦ ਪੁਲਿਸ ਮੌਕੇ ਉੱਤੇ ਪਹੁੰਚੀ। ਪੁਲਿਸ ਨੇ ਦੱਸਿਆ ਕਿ ਇੰਟਰਸੈਕਸ਼ਨ ਨੇੜੇ ਟੀਟੀਸੀ ਬੱਸ ਨੂੰ ਇੱਕ ਤੇਜ਼ ਰਫਤਾਰ ਕਾਰ ਵੱਲੋਂ ਟੱਕਰ ਮਾਰ ਦਿੱਤੀ ਗਈ। ਇਸ ਹਾਦਸੇ ਤੋਂ ਬਾਅਦ ਕਾਰ ਦਾ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ। ਹਾਦਸੇ ਤੋਂ ਬਾਅਦ ਕਾਰ ਨੂੰ ਸਾਹਮਣੇ ਵਾਲੇ ਪਾਸੇ ਕਾਫੀ ਨੁਕਸਾਨ ਹੋਇਆ। ਪਰ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ।

ਪੁਲਿਸ ਅਧਿਕਾਰੀਆਂ ਨੂੰ ਬਾਅਦ ਵਿੱਚ ਪਤਾ ਲੱਗਿਆ ਕਿ ਕਾਰ ਦਾ ਡਰਾਈਵਰ ਮਾਰਖਮ ਰੋਡ ਤੇ ਸਟੀਲਜ਼ ਨੇੜੇ ਇੱਕ ਪਾਰਕ ਵਿੱਚ ਲੁਕਿਆ ਹੋਇਆ ਹੈ। ਸੂਹੀਆ ਕੁੱਤਿਆਂ ਤੇ ਹੈਲੀਕਾਪਟਰਜ਼ ਦੀ ਮਦਦ ਨਾਲ ਕੀਤੀ ਗਈ ਭਾਲ ਤੋਂ ਬਾਅਦ ਪੁਲਿਸ ਨੂੰ ਇਹ ਡਰਾਈਵਰ ਲੱਭ ਗਿਆ।17 ਸਾਲਾਂ ਦੇ ਇਸ ਟੀਨੇਜਰ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਤੇ ਹੁਣ ਇਸ ਨੂੰ ਕਈ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੁਲਿਸ ਨੇ ਦੱਸਿਆ ਕਿ ਲੜਕੇ ਕੋਲ ਜਾਇਜ਼ ਡਰਾਈਵਿੰਗ ਲਾਇਸੰਸ ਹੈ ਤੇ ਗੱਡੀ ਵੀ ਚੋਰੀ ਦੀ ਨਹੀਂ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਅੱਜ ਨਾਮਾ

ਲੱਗ ਜਾਣ ਖੰਭ ਅਫਵਾਹਾਂ ਨੂੰ ਜੇ ਕਿਧਰੇ,
ਲੱਗਦੀ ਉਨ੍ਹਾਂ ਨੂੰ ਰੋਕ ਨਹੀਂਫੇਰ ਮੀਆਂ।
ਗਪੌੜ ਸੁਣਦਿਆਂ ਲੋਕ ਕਈ ਭੜਕ ਪੈਂਦੇ,
ਮੱਚ ਜਾਏ ਭਾਜੜ ਤਾਂ ਪਏ ਹਨ੍ਹੇਰ ਮੀਆਂ।
ਹੋ ਜਾਣ ਪਲਾਂ ਵਿੱਚ ਕਈ ਬਾਜ਼ਾਰ ਖਾਲੀ,
ਖਾਮੋਸ਼ੀ ਫੈਲਦੀ ਲਾਏ ਨਹੀਂ ਦੇਰ ਮੀਆਂ।
ਸੋਚਿਆਂ ਬਿਨਾਂ ਕਿ ਮੁੱਦੇ ਦੀ ਜੜ੍ਹ ਕਿਹੜੀ,
ਬਣ-ਬਣ ਨੱਚਦੇ ਗਿੱਦੜ ਵੀ ਸ਼ੇਰ ਮੀਆਂ।
ਵਿਹਲੇ ਸ਼ੋਹਦਿਆਂ ਦੀ ਢਾਣੀ ਚੁਸਤ ਕੋਈ,
ਚੁਆਤੀ ਲਾਉਂਦੀ ਤੇ ਜਾਂਵਦੀ ਦੌੜ ਮੀਆਂ।
ਜਦ ਤੱਕ ਰਾਜ਼ ਅਫਵਾਹ ਦਾ ਖੁੱਲ੍ਹਦਾ ਈ,
ਤਦ ਤੱਕ ਹੋ ਜਾਂਦਾ ਈ ਝੁੱਗਾ ਚੌੜ ਮੀਆਂ।

**ਤੀਸ ਮਾਰ ਖਾਂ**

# ਦਿੱਲੀ ਵਿਚ ਪੁਲਿਸ ਨਾਲ ਮੁੱਠਭੇੜ ਤੋਂ ਬਾਅਦ ਲਾਰੈਂਸ ਬਿਸ਼ਨੋਈ ਗਿਰੋਹ ਦਾ ਮੈਂਬਰ ਗ੍ਰਿਫਤਾਰ

ਨਵੀਂ ਦਿੱਲੀ, 5 ਮਾਰਚ (ਪੋਸਟ ਬਿਊਰੋ): ਦਿੱਲੀ ਵਿੱਚ ਕੁਤਬ ਮੀਨਾਰ ਮੈਟਰੋ ਸਟੇਸ਼ਨ ਦੇ ਕੋਲ ਪੁਲਸ ਦੇ ਨਾਲ ਮੁੱਠਭੇੜ ਤੋਂ ਬਾਅਦ ਲਾਰੈਂਸ ਬਿਸ਼ਨੋਈ ਗਿਰੋਹ ਦੇ ਇੱਕ ਮੈਂਬਰ ਨੂੰ ਐਤਵਾਰ ਤੜਕੇ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਮੁਲਜ਼ਮ ਨੀਰਜ ਉਰਫ ਕਟਿਆ (30) ਹਰਿਆਣੇ ਦੇ ਝੱਜਰ ਜਿਲੇ ਦਾ ਰਹਿਣ ਵਾਲਾ ਹੈ। ਪੁਲਿਸ ਡਿਪਟੀ ਕਮਿਸ਼ਨਰ ( ਵਿਸ਼ੇਸ਼ ਸੈੱਲ) ਆਲੋਕ ਕੁਮਾਰ ਨੇ ਦੱਸਿਆ ਕਿ ਸੂਚਨਾ ਮਿਲੀ ਸੀ ਕਿ ਫਰਾਰ ਮੁਲਜ਼ਮ ਨੀਰਜ ਸ਼ਨੀਵਾਰ ਅਤੇ ਐਤਵਾਰ ਦੀ ਦਰਮਿਆਨੀ ਰਾਤ ਦੋ ਤੋਂ ਤਿੰਨ ਵਜੇ ਦੇ ਵਿਚਕਾਰ ਕੁਤਬ ਮੀਨਾਰ ਮੈਟਰੋ ਸਟੇਸ਼ਨ ਕੋਲ ਆਵੇਗਾ। ਘਟਨਾ ਸਥਾਨ ਕੋਲ ਜਾਲ ਵਿਛਾਇਆ ਗਿਆ ਅਤੇ ਆਟੋਰਿਕਸ਼ਾ ਵਿਚ ਆਏ ਮੁਲਜ਼ਮ ਨੂੰ ਉਸ ਸਮੇਂ ਘੇਰ ਲਿਆ ਗਿਆ, ਜਦੋਂ ਉਹ ਤਿੰਨ ਪਹੀਆ ਵਾਹਨ ਤੋਂ ਬਾਹਰ ਨਿਕਲਿਆ। ਉਸ ਨੂੰ ਕਾਬੂ ਕਰ ਲਿਆ ਗਿਆ।

# ਬੈਂਗਲੂਰੂ ’ਚ ਧਰਨੇ ’ਤੇ ਬੈਠੀ ਈਰਾਨੀ ਔਰਤ, ਆਪਣੇ ਦੇਸ਼ ’ਚ ਕੁੜੀਆਂ ਨੂੰ ਜ਼ਹਿਰ ਦੇਣ ਦਾ ਲਗਾਇਆ ਦੋਸ਼



ਨਵੀਂ ਦਿੱਲੀ, 5 ਮਾਰਚ (ਪੋਸਟ ਬਿਊਰੋ): ਇਸਲਾਮਿਕ ਦੇਸ਼ ਈਰਾਨ 'ਚ ਕੁੜੀਆਂ ਦੀ ਸਕੂਲੀ ਪੜ੍ਹਾਈ ਨੂੰ ਰੋਕਣ ਲਈ ਖਾਣੇ 'ਚ ਜ਼ਹਿਰ ਦੇਣ ਦੇ ਮਾਮਲੇ ਸਾਹਮਣੇ ਆਉਣ ਤੋਂ ਬਾਅਦ ਵਿਰੋਧ ਪ੍ਰਦਰਸ਼ਨ ਹੋ ਰਹੇ ਹਨ। ਇੱਕ ਈਰਾਨੀ ਔਰਤ ਨੇ ਇਸ ਮਾਮਲੇ ਨੂੰ ਲੈ ਕੇ ਭਾਰਤ ਦੇ ਬੈਂਗਲੂਰੂ ਵਿੱਚ ਚਰਚ ਸਟਰੀਟ ਵਿੱਚ ਵਿਰੋਧ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨ ਦੌਰਾਨ ਈਰਾਨੀ ਔਰਤਾਂ ਨੂੰ ਇਨਸਾਫ ਦਿਵਾਉਣ ਲਈ ਭਾਰਤ ਦੀ ਮਦਦ ਦੀ ਅਪੀਲ ਕੀਤੀ।

ਬੇਂਗਲੁਰੂ 'ਚ ਪ੍ਰਦਰਸ਼ਨ ਕਰ ਰਹੀ ਨਿੱਕੂ ਦਾ ਕਹਿਣਾ ਹੈ ਕਿ ਸੈਂਕੜੇ ਈਰਾਨੀ ਔਰਤਾਂ 'ਤੇ ਰਸਾਇਣ ਨਾਲ ਹਮਲਾ ਕੀਤਾ ਗਿਆ ਹੈ। ਉਮਰ ਕੋਈ ਬਾਰ ਨਹੀਂ ਹੈ। ਇੱਥੋਂ ਤੱਕ ਕਿ ਪ੍ਰਾਇਮਰੀ ਸਕੂਲ ਦੇ ਬੱਚਿਆਂ 'ਤੇ ਵੀ ਹਮਲੇ ਹੋਏ ਹਨ। ਮਹਿਲਾ ਪ੍ਰਦਰਸ਼ਨਕਾਰੀ ਨਿੱਕੂ ਨੇ ਕਿਹਾ, 'ਅਸੀਂ ਹਿਜਾਬ ਦੇ ਖਿਲਾਫ ਨਹੀਂ ਹਾਂ। ਅਸੀਂ ਜਬਰੀ ਹਿਜਾਬ ਦੇ ਖਿਲਾਫ ਹਾਂ। ਉਹ ਭਾਰਤ ਵਿਚ ਪਹਿਲੀ ਈਰਾਨੀ ਮਹਿਲਾ ਪ੍ਰਦਰਸ਼ਨਕਾਰੀ ਹੈ ਜਿਸ ਨੇ ਈਰਾਨ ਵਿਚ ਔਰਤਾਂ 'ਤੇ ਹੋਏ ਰਸਾਇਣਕ ਹਮਲੇ ਵਿਰੁੱਧ ਆਵਾਜ਼ ਉਠਾਈ ਹੈ।

ਤੁਹਾਨੂੰ ਦੱਸ ਦੇਈਏ ਕਿ ਈਰਾਨ ਵਿੱਚ ਕੁੜੀਆਂ ਦੇ ਸਕੂਲਾਂ ਵਿੱਚ ਸ਼ੱਕੀ ਰਸਾਇਣਕ ਹਮਲਿਆਂ ਤੋਂ ਬਾਅਦ ਸੈਂਕੜੇ ਸਕੂਲੀ ਵਿਦਿਆਰਥਣਾਂ ਨੂੰ ਪੂਰੇ ਈਰਾਨ ਦੇ ਹਸਪਤਾਲਾਂ ਵਿੱਚ ਲਿਜਾਇਆ ਗਿਆ ਸੀ। ਪਿਛਲੇ ਸਾਲ ਨਵੰਬਰ ਤੋਂ ਈਰਾਨੀ ਸਕੂਲ ਦੀਆਂ ਵਿਦਿਆਰਥਣਾਂ ਵਿੱਚ ਅਣਜਾਣ ਬਿਮਾਰੀਆਂ ਦੇਖੀ ਜਾ ਰਹੀ ਹੈ। ਬਲੂਮਬਰਗ ਦੀ ਰਿਪੋਰਟ ਅਨੁਸਾਰ, ਹੁਣ ਤੱਕ, ਇੱਕ ਦਰਜਨ ਤੋਂ ਵੱਧ ਸ਼ਹਿਰਾਂ ਵਿੱਚ ਘੱਟੋ-ਘੱਟ 300 ਕੁੜੀਆਂ ਦਾ ਅਣਜਾਣ ਮੂਲ ਦੇ ਵੱਖ-ਵੱਖ ਲੱਛਣਾਂ ਲਈ ਇਲਾਜ ਕੀਤਾ ਗਿਆ ਹੈ।

ਸਰਕਾਰੀ ਮੀਡੀਆ ਰਿਪੋਰਟਾਂ ਮੁਤਾਬਕ ਕੁਝ ਲੋਕ ਸਕੂਲੀ ਵਿਦਿਆਰਥਣਾਂ ਨੂੰ ਜ਼ਹਿਰ ਦੇ ਰਹੇ ਸਨ, ਜਿਨ੍ਹਾਂ ਦਾ ਉਦੇਸ਼ ਲੜਕੀਆਂ ਦੀ ਪੜ੍ਹਾਈ ਨੂੰ ਰੋਕਣਾ ਸੀ। ਇਸ ਨੂੰ ਲੈ ਕੇ ਈਰਾਨ ਦੀ ਰਾਜਧਾਨੀ ਤਹਿਰਾਨ ਅਤੇ ਦੇਸ਼ ਦੇ ਹੋਰ ਸ਼ਹਿਰਾਂ 'ਚ ਜ਼ਹਿਰ ਦੇ ਸ਼ੱਕੀ ਹਮਲਿਆਂ ਖਿਲਾਫ ਵਿਰੋਧ ਪ੍ਰਦਰਸ਼ਨ ਜਾਰੀ ਹਨ। ਉਥੋਂ ਸੋਸ਼ਲ ਮੀਡੀਆ 'ਤੇ ਕਈ ਵੀਡੀਉਜ਼ ਵੀ ਸਾਹਮਣੇ ਆ ਰਹੀਆਂ ਹਨ।

ਈਰਾਨ ਦੇ ਸਰਕਾਰੀ ਮੀਡੀਆ ਦੇ ਅਨੁਸਾਰ, ਜ਼ਹਿਰ ਦਾ ਪਹਿਲਾ ਮਾਮਲਾ 30 ਨਵੰਬਰ ਨੂੰ ਕੋਮ ਸ਼ਹਿਰ ਤੋਂ ਸਾਹਮਣੇ ਆਇਆ ਸੀ, ਜਦੋਂ ਹਾਈ ਸਕੂਲ ਦੀਆਂ 18 ਵਿਦਿਆਰਥਣਾਂ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਸੀ। 14 ਫਰਵਰੀ ਨੂੰ ਕੋਮ ਵਿੱਚ ਇੱਕ ਹੋਰ ਘਟਨਾ ਵਿੱਚ, 13 ਸਕੂਲਾਂ ਦੇ 100 ਤੋਂ ਵੱਧ ਵਿਦਿਆਰਥੀਆਂ ਨੂੰ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਜਦੋਂ ਰਾਜ ਨਾਲ ਸਬੰਧਤ ਤਸਨੀਮ ਨਿਊਜ਼ ਏਜੰਸੀ ਨੇ ਰਿਪੋਰਟ ਦਿੱਤੀ ਕਿ ਸਾਰੇ ਜ਼ਹਿਰੀਲੇ ਸਨ। ਸਥਾਨਕ ਮੀਡੀਆ ਫਾਰਸ ਨਿਊਜ਼ ਦੇ ਅਨੁਸਾਰ ਰਾਜਧਾਨੀ ਤਹਿਰਾਨ ਵਿੱਚ ਸਕੂਲੀ ਵਿਦਿਆਰਥਣਾਂ ਨੂੰ ਜ਼ਹਿਰ ਦਿੱਤੇ ਜਾਣ ਦੀਆਂ ਖ਼ਬਰਾਂ ਵੀ ਆਈਆਂ ਹਨ, ਜਿੱਥੇ 35 ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’, ਅਸੀਂ ਕਰਾਂਗੇ ‘ਹਾਂ’
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UKTTC UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ‘ਆਜ਼ਾਦੀ ਦਾ ਅੰਮ੍ਰਿਤ ਮਹਾ-ਉਤਸਵ’ ਨਾਲ ਭਾਰਤ ਦੇ ਆਮ ਲੋਕਾਂ ਦੇ ਪੱਲੇ ਕੀ ਪਊਗਾ!

ਆਪਣੀ ਆਜ਼ਾਦੀ ਦੀ ਪੌਣੀ ਸਦੀ ਮਨਾ ਚੁੱਕਾ ਭਾਰਤ ਇਸ ਵਕਤ ‘ਆਜ਼ਾਦੀ ਦਾ ਮਹਾ ਅੰਮ੍ਰਿਤ ਮਹਾ-ਉਤਸਵ’ ਮਨਾ ਰਿਹਾ ਹੈ। ਮੌਕੇ ਦੀ ਸਰਕਾਰ ਜੋ ਵੀ ਨਾਂਅ ਇਸ ਕਿਸਮ ਦੀ ਕਿਸੇ ਮੁਹਿੰਮ ਨੂੰ ਦੇ ਦੇਵੇ, ਉਹ ਪਹਿਲਾਂ ਮੀਡੀਆ ਲਈ ਜਾਰੀ ਕੀਤਾ ਜਾਂਦਾ ਤੇ ਫਿਰ ਹੌਲੀ-ਹੌਲੀ ਆਮ ਲੋਕਾਂ ਦੇ ਸਿਰ ਵਿੱਚ ਵੜ ਜਾਂਦਾ ਹੈ। ਭਾਰਤ ਦੀ ਇੱਕ ਸੌ ਚਾਲੀ ਕਰੋੜ ਤੋਂ ਵੱਧ ਆਬਾਦੀ ਦੇ ਵੱਡੇ ਹਿੱਸੇ ਨੂੰ ਇਸ ਨਾਅਰੇ ‘ਆਜ਼ਾਦੀ ਕਾ ਅੰਮ੍ਰਿਤ ਮਹਾ-ਉਤਸਵ’ ਦਾ ਅਰਥ ਵੀ ਪਤਾ ਨਹੀਂ ਤੇ ਉਸ ਨੂੰ ਦੱਸਣ ਵਾਲਾ ਵੀ ਕੋਈ ਨਹੀਂ ਕਿ ਇਹ ਨਾਂਅ ਰੱਖਣ ਦਾ ਕਾਰਨ ਕੀ ਹੈ? ਨਾਲੇ ਦੱਸਣ ਦੀ ਲੋੜ ਵੀ ਕੀ ਹੈ, ਉਹ ਭਾਰਤ ਦੇ ਨਾਗਰਿਕ ਸਿਰਫ ਵੋਟਾਂ ਦੇਣ ਜੋਗੇ ਹਨ, ਉਨ੍ਹਾਂ ਨੂੰ ਅਰਥਾਂ ਨਾਲ ਕੋਈ ਮਤਲਬ ਹੀ ਨਹੀਂ ਹੁੰਦਾ ਅਤੇ ਜਿਨ੍ਹਾਂ ਨੂੰ ਅਰਥ ਅਤੇ ਅਨਰਥ ਦਾ ਪਤਾ ਹੁੰਦਾ ਹੈ, ਉਨ੍ਹਾਂ ਵਿੱਚੋਂ ਬਹੁਤਿਆਂ ਨੂੰ ਇਸ ਦੀ ਚਰਚਾ ਕਰਨ ਵਿੱਚ ਵੀ ਕੋਈ ਖਤਰਾ ਦਿੱਸਣ ਲੱਗ ਜਾਵੇ ਤਾਂ ਚੁੱਪ ਰਹਿਣਾ ਤੇ ਵਗਦੇ ਵਹਿਣ ਨਾਲ ਵਗਦੇਰਹਿਣਾ ਠੀਕ ਮੰਨਦੇ ਹਨ। ਭਾਰਤ ਦੇ ਮੌਜੂਦਾ ਹਾਕਮ ਇਸ ਸਾਲ ਆਪਣੇ ਲੋਕਾਂ ਨੂੰ ਇਹ ਦੱਸਣ ਲਈ ਜ਼ੋਰ ਲਾ ਰਹੇ ਹਨ ਕਿ ਦੇਸ਼ ਦੀ ਅਸਲ ਤਰੱਕੀਮੌਜੂਦਾ ਰਾਜ ਵਿੱਚ ਹੋਣੀ ਸ਼ੁਰੂ ਹੋਈ ਹੈ ਤੇਅਸਲੀ ਆਜ਼ਾਦੀ ਵੀ ਅਜੋਕੇ ਹਾਕਮਾਂ ਦੇ ਹੱਥ ਦੇਸ਼ ਦੀ ਕਮਾਨ ਆਏ ਤੋਂ ਆਈ ਹੈ। ਉਨ੍ਹਾਂ ਨੂੰ ਆਜ਼ਾਦੀ ਮਿਲਣ ਦੇ ਬਾਅਦ ਵਾਲੇ ਪੰਝੱਤਰ ਸਾਲਾਂ ਵਿੱਚ ਪੁੱਟੀ ਗਈ ਹਰ ਪੁਲਾਂਘ ਆਪਣੇ ਪੁੱਟੇ ਹਰ ਕਦਮ ਤੋਂ ਛੋਟੀ ਲੱਗਦੀ ਹੈ ਅਤੇ ਆਪਣੇ ਹਰ ਸ਼ਬਦ ਨੂੰ ਉਹ ਕਿਸੇ‘ਈਸ਼ਵਰੀ ਸੰਦੇਸ਼’ ਵਾਂਗ ਪੇਸ਼ ਕਰਨ ਵਿੱਚ ਅੰਤਾਂ ਦੀ ਖੁਸ਼ੀ ਮਹਿਸੂਸ ਕਰਦੇ ਹਨ।

ਪਿਛਲੇ ਸਾਲ ਭਾਰਤੀ ਲੋਕਤੰਤਰ ਦੇ ਇੱਕ ਚੁਣੇ ਹੋਏ ਆਗੂ ਨੇ ਕਿਸੇ ਸਮਾਗਮ ਵਿੱਚ ਬੋਲਦਿਆਂ ਆਪਣੇ ਦੇਸ਼ ਨੂੰ ‘ਲੋਕਤੰਤਰ ਦੀ ਮਾਂ’ (ਮਦਰ ਆਫ ਡੈਮੋਕਰੇਸੀ) ਕਹਿ ਦਿੱਤਾ ਅਤੇ ਉਸ ਦੇ ਬਾਅਦ ਉਸ ਦੀ ਪਾਰਟੀ ਦੇ ਢੰਡੋਰਚੀਆਂ ਨੇ ਇਸ ਨੂੰ ਸੱਚ ਸਾਬਤ ਕਰਦੇ ਲੇਖ ਲਿਖਣ ਦੀ ਮੁਹਿੰਮ ਛੇੜ ਲਈ। ਵੋਟਾਂ ਪਾਉਣ ਵਾਲਿਆਂ ਦੀ ਗਿਣਤੀ ਵੱਡੀ ਹੋਣ ਕਾਰਨ ਕੋਈ ਦੇਸ਼ ‘ਲੋਕਤੰਤਰ ਦੀ ਮਾਂ’ ਨਹੀਂ ਬਣ ਸਕਦਾ, ਇਸ ਦਾ ਅਰਥ ਲੋਕਤੰਤਰੀ ਰਿਵਾਇਤ ਦਾ ਮੁੱਢ ਬੰਨ੍ਹਣ ਵਾਲਾ ਦੇਸ਼ ਕਹਿਣਾ ਚਾਹੀਦਾ ਹੈ। ਕੁਝ ਲੋਕ ਕਹਿੰਦੇ ਹਨ ਕਿ ਸਦੀਆਂ ਪਹਿਲਾਂ ਪ੍ਰਾਚੀਨ ਭਾਰਤ ਵਿੱਚ ਵਿਕਸਤ ਹੋਈ ਸੱਭਿਅਤਾ ਵੇਲੇ ਵੀ ਲੋਕ ਆਪਣਾ ਸਮਾਜ ਲੋਕਤੰਤਰੀ ਢੰਗ ਨਾਲ ਚਲਾਉਂਦੇ ਰਹੇ ਸਨ, ਇਸ ਕਰ ਕੇ ਇਹ ‘ਲੋਕਤੰਤਰ ਦੀ ਮਾਂ’ਕਹਾਉਣ ਦਾ ਹੱਕਦਾਰ ਹੈ। ਦੂਸਰੇ ਇਹ ਕਹਿੰਦੇ ਹਨ ਕਿ ਸੰਸਾਰ ਵਿੱਚ ਸਭ ਤੋਂ ਪੁਰਾਣੀ ਸੱਭਿਅਤਾ ਹੋਣ ਵਾਲਾ ਰੁਤਬਾ ਕਿਸ ਦੇਸ਼ ਦਾ ਬਣਦਾ ਹੈ, ਇਸ ਦਾ ਪੱਕਾ ਨਿਬੇੜਾ ਅਜੇ ਵੀ ਨਹੀਂ ਹੋ ਸਕਿਆ ਅਤੇ ਇਹ ਵੀਗੌਲ ਨੋਟ ਕਰਨ ਵਾਲੀ ਹੈ ਕਿ ਸਮਾਜੀ ਸੂਝ ਦੇ ਪਹਿਲੇ ਪੜਾਵਾਂ ਵਿੱਚ ਲਗਭਗ ਹਰ ਪਾਸੇ ਵਿਕਸਤ ਹੋਈ ਸੱਭਿਅਤਾ ਲੋਕਤੰਤਰੀ ਲੀਹਾਂ ਉੱਤੇ ਚੱਲਣ ਵਾਲੀ ਹੁੰਦੀ ਸੀ। ਪੁਰਾਣੇ ਲੋਕਤੰਤਰੀ ਸਮਾਜਾਂ ਨੂੰ ਢਾਹ ਉਸ ਵਕਤ ਲੱਗੀ ਸੀ, ਜਦੋਂ ਮਨੁੱਖ ਕੁਝ ਲੋੜਾਂ ਤੋਂ ਵਾਧੂ ਕਮਾਉਣ ਲੱਗ ਪਿਆ ਸੀ ਤੇ ਉਸ ਦੀ ਵਾਧੂ ਕਮਾਈ ਉੱਤੇ ਐਸ਼ ਕਰਨ ਵਾਲੇ ਨੀਤ ਦੇ ਮਾੜੇ ਮਨੁੱਖਾਂ ਨੇ ਰਾਜ ਤੇ ਚੌਧਰ ਦੀ ਨੀਂਹ ਉੱਤੇ ਆਪਣੇ ਮਹਿਲ ਉਸਾਰਨੇ ਸ਼ੁਰੂ ਕਰ ਦਿੱਤੇ ਸਨ। ਕੁਝ ਖੋਟੀ ਨੀਤ ਵਾਲੇ ਬੰਦਿਆਂ ਦੀਓਦੋਂ ਸ਼ੁਰੂ ਕੀਤੀ ਇਹ ਖੇਡ ਅੱਜ ਤੱਕ ਹਰ ਸਮਾਜ ਵਿੱਚ ਚੱਲਦੀ ਪਈ ਹੈ ਅਤੇ ਨਤੀਜੇ ਵਜੋਂ ਸੰਸਾਰ ਦੇ ਬਹੁਤ ਸਾਰੇ ਦੇਸ਼ਾਂ ਵਿੱਚ ਆਮ ਮਨੁੱਖ ਦੇ ਮੋਢਿਆਂ ਉੱਪਰ ਕਿਸੇ ਦੂਸਰੇ ਮਨੁੱਖ ਦਾ ਜੂਲ਼ਾ ਟਿਕਿਆ ਰੱਖਣ ਦੇ ਚੁਸਤ ਪ੍ਰਸ਼ਾਸਕੀ ਪ੍ਰਬੰਧ ਨੂੰ ‘ਲੋਕਤੰਤਰ’ ਕਿਹਾ ਜਾ ਰਿਹਾ ਹੈ।

ਜਿੱਥੋਂ ਤੱਕ ‘ਲੋਕਤੰਤਰ ਦੀ ਮਾਂ’ ਕਹੇ ਜਾ ਰਹੇ ਭਾਰਤ ਦਾ ਸੰਬੰਧ ਹੈ, ਇਸ ਨੇ ਤਰੱਕੀ ਵੀ ਬੜੀ ਕੀਤੀ ਤੇ ਇਸ ਨੇ ਕੁਚੱਜ ਵੀ ਬਹੁਤ ਕੀਤੇ ਹਨ। ਤਰੱਕੀ ਉਨ੍ਹਾਂ ਸੁਹਿਰਦ ਦਿਮਾਗਾਂ ਕਾਰਨ ਹੋਈ ਹੈ, ਜਿਹੜੇ ਸਮਾਜ ਦਾ ਭਲਾ ਕਰਨ ਦੇ ਲਈ ਰਾਤ-ਦਿਨ ਲੱਗੇ ਰਹਿੰਦੇ ਹਨ ਤੇ ਕਦੇ ਇਹ ਵੀ ਨਹੀਂ ਵੇਖਦੇ ਕਿ ਉਨ੍ਹਾਂ ਦੇ ਕੀਤੇ ਦੀ ਕੋਈ ਕਦਰ ਸਮਾਜ ਨੇ ਪਾਈ ਹੈ ਜਾਂ ਨਹੀਂ। ਉਨ੍ਹਾਂ ਦੇ ਕੀਤੇ ਕੰਮਾਂ ਦਾ ਸਿਹਰਾ ਦੇਸ਼ ਦੇ ਉਹ ਰਾਜਸੀ ਨੇਤਾ ਲੈ ਜਾਂਦੇ ਹਨ, ਜਿਹੜੇ ਖੁਦ ਇੱਲ ਦਾ ਨਾਂਅ ਕੋਕੋ ਵੀ ਨਹੀਂ ਜਾਣਦੇ ਹੁੰਦੇ ਅਤੇ ਜ਼ੋਰ ਨਾਲ ਇਹ ਕਿਹਾ ਜਾਣ ਲੱਗਦਾ ਹੈ ਕਿ ਫਲਾਣੇ ਨੇਤਾ ਦੀ ਅਗਵਾਈ ਹੇਠ ਭਾਰਤ ਨੇ ਤਰੱਕੀ ਦੀ ਸਿਖਰ ਕਰ ਦਿੱਤੀ ਹੈ। ਸੰਸਾਰ ਦੇ ਚੋਣਵੇਂ ਦੇਸ਼ਾਂ ਵਾਂਗ ਭਾਰਤ ਜਦੋਂ ਐਟਮੀ ਸ਼ਕਤੀ ਬਣ ਗਿਆ ਤਾਂ ਇਸ ਦਾ ਸਿਹਰਾ ਓਦੋਂ ਦੀ ਆਗੂ ਇੰਦਰਾ ਗਾਂਧੀ ਨੂੰ ਅਗਲੇ ਚੌਵੀ ਸਾਲ ਮਿਲਦਾ ਰਿਹਾ ਸੀ ਅਤੇ ਅਟਲ ਬਿਹਾਰੀ ਵਾਜਪਾਈ ਦੇ ਰਾਜ ਵੇਲੇ ਭਾਰਤ ਨੇ ਜਦੋਂ ਪੰਜ ਐਟਮੀ ਧਮਾਕੇ ਇੱਕੋ ਵਾਰ ਕਰ ਦਿੱਤੇ ਤਾਂ ਇੰਦਰਾ ਗਾਂਧੀ ਦਾ ਨਾਂਅ ਭੁਲਾਕੇ ਭਾਰਤ ਦੀ ਤਰੱਕੀ ਦਾ ਸਾਰਾ ਸਿਹਰਾ ਵਾਜਪਾਈ ਨੂੰ ਦਿੱਤਾ ਜਾਣ ਲੱਗ ਪਿਆ ਸੀ। ਜਿਨ੍ਹਾਂ ਵਿਗਿਆਨੀਆਂ ਨੇ ਇਸ ਦੇ ਲਈ


- ਜਤਿੰਦਰ ਪਨੂੰ -

ਦਿਨ-ਰਾਤ ਵੇਖੇ ਬਿਨਾਂ ਕੰਮ ਕੀਤਾ ਸੀ, ਉਨ੍ਹਾਂ ਅਕਲਮੰਦ ਇਨਸਾਨਾਂ ਦਾ ਨਾਂਅ ਭਾਰਤ ਦੇ ਅੱਧਾ ਫੀਸਦੀ ਲੋਕਾਂ ਨੂੰ ਵੀ ਪਤਾ ਨਹੀਂ।

ਜਿਸ ਤਰ੍ਹਾਂ ਐਟਮੀ ਸ਼ਕਤੀ ਦੇ ਮਾਮਲੇ ਵਿੱਚ ਇੰਦਰਾ ਗਾਂਧੀ ਅਤੇ ਅਟਲ ਬਿਹਾਰੀ ਵਾਜਪਾਈ ਵਿਚਾਲੇ ਚੌਧਰ ਦੇ ਝੰਡੇ ਦਾ ਵਟਾਂਦਰਾ ਹੁੰਦਾ ਵੇਖਿਆ ਸੀ, ਉਸ ਤਰ੍ਹਾਂ ਸਮਾਜ ਦੇ ਸਤਿਕਾਰ ਦੇ ਪ੍ਰਤੀਕ ਆਗੂਆਂ ਦਾ ਵੀ ਤਬਾਦਲਾ ਹੋਣ ਦੀ ਮਿਸਾਲ ਭਾਰਤੀ ਲੋਕਾਂ ਨੇ ਕਈ ਵਾਰੀ ਵੇਖ ਲਈ ਅਤੇ ਅੱਜ ਵੀ ਵੇਖੀ ਜਾ ਰਹੇ ਹਨ। ਇੱਕ ਸਮੇਂ ਭਾਰਤ ਦੀ ਆਜ਼ਾਦੀ ਦੇ ਅਸਲ ਘੁਲਾਟੀਏ ਵਜੋਂ ਭਗਤ ਸਿੰਘ, ਕਰਤਾਰ ਸਿੰਘ ਸਰਾਭਾ, ਨੇਤਾਜੀ ਸੁਭਾਸ਼ ਚੰਦਰ ਬੋਸ ਆਦਿ ਮੰਨੇ ਜਾਂਦੇ ਸਨ ਅਤੇ ਦੇਸ਼ ਨੂੰ ਆਜ਼ਾਦੀ ਮਿਲਣ ਦੇ ਬਾਅਦਉਹ ਸਾਰੇ ਪਿੱਛੇ ਛੱਡ ਕੇ ‘ਸਾਬਰਮਤੀ ਕੇ ਬਾਪੂ ਤੂ ਨੇ ਕਰ ਦੀਆ ਕਮਾਲ, ਲੇ ਕਰ ਦੀ ਆਜ਼ਾਦੀ ਹਮ ਕੋ, ਬਿਨਾਂ ਖੜਗ ਔਰ ਢਾਲ’ ਦਾ ਸੰਗੀਤ ਵੱਜਣ ਲੱਗ ਪਿਆ ਸੀ। ਜਿਨ੍ਹਾਂ ਲੋਕਾਂ ਨੇ ਮਹਾਤਮਾ ਗਾਂਧੀ ਨੂੰ ‘ਬਾਪੂ’ ਕਹਿ ਕੇ ਵਡਿਆਇਆ ਸੀ, ਉਹ ਵੀ ‘ਬਾਪੂ’ ਦੇ ਨਾਂਅ ਦੀ ਦੁਰਵਰਤੋਂ ਕਰੀ ਗਏ ਸਨ ਅਤੇ ਜਿਨ੍ਹਾਂ ਦੇ ਇੱਕ ਸਾਥੀ ਨੇ ‘ਬਾਪੂ’ ਕਹੇ ਜਾਂਦੇ ਉਸ ਆਗੂ ਦਾਆਜ਼ਾਦ ਭਾਰਤ ਵਿੱਚ ਕਤਲ ਕੀਤਾ ਸੀ, ਉਹ ਵੀ ਲੰਮਾਂ ਗੇੜਾ ਕੱਟਣ ਪਿੱਛੋਂ ‘ਬਾਪੂ’ ਦੇ ਬਰਖੁਰਦਾਰ ਬਣਨ ਤੁਰ ਪਏ। ਜਦੋਂ ਉਸ ਸੋਚਣੀ ਵਾਲਿਆਂ ਨੇ ਦੇਸ਼ ਵਿੱਚਧਾਂਕ ਜੰਮੀ ਮਹਿਸੂਸ ਕਰ ਲਈ ਤਾਂ ਉਨ੍ਹਾਂ ਨੇ ਓਸੇ ‘ਬਾਪੂ’ ਦੇ ਖਿਲਾਫ ਬੋਲਣ ਅਤੇ ਲਿਖਣ ਵਾਲਿਆਂ ਨੂੰ ਪਰਦੇ ਪਿੱਛੋਂ ਸਰਗਰਮ ਕਰ ਦਿੱਤਾ। ਨਤੀਜੇ ਵਜੋਂ ਆਜ਼ਾਦੀ ਦੇ ਪੰਝੱਤਰ ਸਾਲ ਪੂਰੇ ਹੋਣ ਵੇਲੇ ਭਾਰਤ ਵਿੱਚ ਉਹ ਵੀ ਕੁਝ ਹੁੰਦਾ ਦਿੱਸ ਰਿਹਾ ਹੈ, ਜਿਸ ਦਾ ਉਸ ‘ਬਾਪੂ’ ਨੇ ਆਪਣੀ ਜ਼ਿੰਦਗੀ ਵਿੱਚ ਸ਼ਬਦਾਂ ਅਤੇ ਵਿਹਾਰ ਰਾਹੀ ਲਗਾਤਾਰ ਵਿਰੋਧ ਕੀਤਾ ਸੀ ਅਤੇ ਕਰਨ ਲਈ ਵੀ ਕਿਹਾ ਸੀ।

ਰਾਜ ਚਲਾਉਣ ਲਈ ‘ਸਾਮ ਦਾਮ ਦੰਡ ਭੇਦ’ ਦਾ ਹਰ ਹਰਬਾ ਵਰਤੇ ਜਾਣ ਦੀਆਂ ਕਹਾਣੀਆਂਅਸੀਂ ਲੋਕਾਂ ਨੇਜਦੋਂ ਪੜ੍ਹੀਆਂ ਤਾਂਸੋਚਦੇ ਹੁੰਦੇ ਸਾਂ ਕਿ ਏਦਾਂ ਹੁੰਦਾ ਹੋਵੇਗਾ ਤਾਂ ਸਮਾਜ ਦਾ ਕੀ ਹਾਲ ਹੋਵੇਗਾ, ਅੱਜਕੱਲ੍ਹ ਅਸੀਂ ਉਹ ਸਾਰਾ ਕੁਝ ਹੁੰਦਾ ਆਪਣੀਆਂ ਅੱਖਾਂ ਨਾਲ ਵੇਖ ਰਹੇ ਹਾਂ। ਰਾਜਿਆਂ ਦੇ ਯੁੱਗ ਵਿੱਚ ਫੌਜਾਂ ਚਾੜ੍ਹ ਕੇ ਵਿਰੋਧੀ ਨੂੰ ਦਬਾਇਆ ਜਾਂਦਾ ਸੀ ਜਾਂ ਫੌਜਾਂ ਚਾੜ੍ਹਨ ਦੇ ਦਾਬੇ ਨਾਲ ਅਗਲੇ ਨੂੰ ਹਥਿਆਰ ਸੁੱਟਣ ਲਈ ਮਜਬੂਰ ਕੀਤਾ ਜਾਂਦਾ ਸੀ। ਅੱਜ ਦੇ ਯੁੱਗ ਵਿੱਚ ਭਾਰਤ ਦੀ ਰਾਜਨੀਤੀ ਇਸ ਹਾਲਤ ਵਿੱਚ ਪਹੁੰਚ ਗਈ ਹੈ ਕਿ ਰਾਜ-ਸ਼ਕਤੀ ਦੇ ਹਥਿਆਰ ਬਣ ਚੁੱਕੀਆਂ ਜਾਂਚ ਏਜੰਸੀਆਂ ਨੂੰ ਕਿਸੇ ਵੀ ਖੱਬੀ-ਖਾਨ ਦੇ ਪਿੱਛੇ ਲਾ ਕੇ ਉਸ ਬੰਦੇ ਨੂੰ ਮੌਜੂਦਾ ਲੋਕਤੰਤਰੀ ਰਾਜਿਆਂ ਅੱਗੇ ਝੁਕਣ ਲਈ ਮਜਬੂਰ ਕਰਨ ਦਾ ਕੰਮ ਕੀਤਾ ਜਾਣ ਲੱਗ ਪਿਆ ਹੈ। ਇਹ ਦੋਸ਼ ਕਾਂਗਰਸ ਪਾਰਟੀ ਦੇ ਰਾਜ ਸਮੇਂ ਉਨ੍ਹਾਂ ਉੱਤੇ ਵੀ ਲੱਗਦਾ ਸੀ ਅਤੇ ਹਕੀਕਤ ਵਿੱਚ ਉਹ ਇਸ ਤਰ੍ਹਾਂ ਕਰਦੇ ਵੀ ਸਨ, ਪਰ ਜਿਹੜੇ ਲੋਕ ਇਸ ਗੱਲ ਲਈ ਕਾਂਗਰਸ ਨੂੰ ਨਿੰਦਿਆ ਕਰਦੇ ਸਨ, ਜਦੋਂ ਉਨ੍ਹਾਂ ਕੋਲ ਇਸ ਦੇਸ਼ ਦੀ ਕਮਾਨ ਆਈ ਤਾਂ ਉਹ ਵੀ ਨਾ ਸਿਰਫ ਉਹੋ ਕੁਝ ਕਰਨ ਲੱਗ ਪਏ, ਸਗੋਂ ਉਹ ਅਸੂਲਾਂ ਨੂੰ ਤੋੜਨ ਦਾ ਕੰਮ ਨਿਯਮ-ਕਾਨੂੰਨ ਤੇ ਸੰਵਿਧਾਨ ਦੀ ਪ੍ਰਵਾਹ ਕੀਤੇ ਬਿਨਾਂ ਕਾਂਗਰਸ ਤੋਂ ਵੀ ਵੱਧ ਕਰਨ ਲੱਗ ਪਏ।

ਨਤੀਜਾ ਇਸ ਦਾ ਇਹ ਹੈ ਕਿ ਅੱਜ ਦਾ ਭਾਰਤ ਜਦੋਂ ਆਪਣੀ ‘ਆਜ਼ਾਦੀ ਦਾ ਅੰਮ੍ਰਿਤ ਮਹਾ-ਉਤਸਵ’ ਮਨਾਉਣ ਦਾ ਦਾਅਵਾ ਕਰਦਾ ਹੈ, ਅਸਲ ਵਿੱਚ ਇਸ ਵਕਤ ‘ਲੋਕਤੰਤਰ ਦੀ ਮਾਂ’ ਕਹੇ ਜਾਂਦੇ ਇਸ ਦੇਸ਼ ਵਿੱਚ ਲੋਕਤੰਤਰ ਦਾ ਹਾਲ ‘ਜਿਸ ਕੀ ਲਾਠੀ, ਉਸ ਕੀ ਭੈਂਸ’ ਵਾਲਾ ਹੋ ਚੁੱਕਾ ਹੈ। ਜਿਹੜੇ ਲੋਕ ਕਿਸੇ ਸਮੇਂ ਦੇਸ਼ ਦੀ ਸਰਕਾਰ ਚਲਾ ਰਹੀ ਪਾਰਟੀ ਦੇ ਸਿਆਸੀ ਪੱਖੋਂ ਵੀ ਤੇ ਵਿਚਾਰਧਾਰਕ ਪੱਖੋਂ ਵੀ ਕੱਟੜ ਵਿਰੋਧੀ ਹੋਇਆ ਕਰਦੇ ਸਨ, ਉਹ ਅਚਾਨਕ ਪਲਟੀ ਮਾਰ ਕੇ ਓਸੇ ਪਾਰਟੀ ਅਤੇ ਉਸ ਦੀ ਲੀਡਰਸ਼ਿਪ ਦੇ ਪਿੱਛਲੱਗ ਬਣੇ ਦਿਖਾਈ ਦੇਂਦੇ ਹਨ। ਇਹੋ ਜਿਹਾ ਇੱਕ ਜਣਾ ਪੱਛਮੀ ਬੰਗਾਲ ਵਿੱਚ ਕਿਸੇ ਵਕਤ ਮਮਤਾ ਬੈਨਰਜੀ ਦਾ ਝੋਲਾ-ਚੁੱਕ ਹੁੰਦਾ ਸੀ ਅਤੇ ਅੱਜ ਉਹ ਓਸੇ ਮਮਤਾ ਬੈਨਰਜੀ ਦੇ ਵਿਰੁੱਧ ਉਸ ਰਾਜਸੀ ਧਿਰ ਦਾ ਸਭ ਤੋਂ ਵੱਡਾ ਮੋਹਰਾ ਬਣਿਆ ਪਿਆ ਹੈ, ਜਿਸ ਦੇ ਖਿਲਾਫ ਬੋਲਦਾ ਹੁੰਦਾ ਸੀ। ਆਸਾਮ ਵਿੱਚ ਇੱਕ ਇਹੋ ਜਿਹਾ ਨੇਤਾ ਆਪਣੀਆਂ ਕਮਜ਼ੋਰੀਆਂ ਦੇ ਕਾਰਨ ਜਦੋਂ ਆਏ ਦਿਨ ਜਾਂਚ ਏਜੰਸੀਆਂ ਦੀਆਂ ਪੇਸ਼ੀਆਂ ਦੇ ਚੱਕਰ ਮਾਰ ਕੇ ਫਸਿਆ ਮਹਿਸੂਸ ਕਰਨ ਲੱਗਾ ਤਾਂ ਆਪਣੇ ਵਿਰੋਧੀਆਂ ਦੀ ਸ਼ਰਣ ਜਾ ਪਿਆ ਅਤੇ ਅੱਜ ਉਹ ਉੱਤਰ-ਪੂਰਬ ਦੇ ਸੱਤਾਂ ਰਾਜਾਂ ਵਿੱਚ ਉਨ੍ਹਾਂ ਹੀ ਅਜੋਕੇ ਲੋਕਤੰਤਰੀ ਰਾਜਿਆਂ ਦਾ ਲੱਠ-ਮਾਰ ਬਣ ਕੇ ਦਿਨੋ-ਦਿਨ ਨਵੇਂ ਕਿਲ੍ਹੇ ਫਤਹਿ ਕਰਨ ਜਾਂਦਾ ਹੈ।

‘ਆਜ਼ਾਦੀ ਦਾ ਅੰਮ੍ਰਿਤ ਮਹਾਂ-ਉਤਸਵ’ ਵਾਲੀ ਇਸ ਨਵੀਂ ਸੋਚਵਾਲੀ ਲਹਿਰ ਇਸ ਵਕਤ ਛੱਲਾਂ ਮਾਰਦੀ ਪੰਜਾਬ ਵੱਲ ਵਧੀ ਆਉਂਦੀ ਹੈ। ਇਸ ਦੇ ਅਗਵਾਨੂੰ ਵੀ ਬਾਹਰੋਂ ਜਾਂ ਉਸ ਸੋਚ ਦੇ ਪੱਕੇ-ਪੁਰਾਣੇ ਝੰਡਾ-ਬਰਦਾਰ ਤੇ ਕਾਰਿੰਦੇ ਹੋਣ ਦੀ ਥਾਂ ਪੰਜਾਬ ਵਿੱਚ ਉਹ ਸਿਆਸੀ ਤੇ ਧਾਰਮਿਕ ਆਗੂ ਬਣਦੇ ਜਾਂਦੇ ਹਨ, ਜਿਹੜੇ ਪਹਿਲਾਂ ਇਸ ਸੋਚ ਦੇ ਵਿਰੁੱਧ ਪੰਜਾਬ ਦੇ ਲੋਕਾਂ ਦੀ ਜ਼ਮੀਰ ਟੁੰਬਣ ਦੇ ਵਿਖਾਵੇ ਕਰਦੇ ਹੁੰਦੇ ਸਨ। ਉਹ ਓਦੋਂਵੀ ਦਿਲੋਂ ਕੰਮ ਨਹੀਂ ਸਨ ਕਰਦੇ, ਸਿਰਫ ਲੋਕਾਂ ਨੂੰ ਜਜ਼ਬਾਤੀ ਕਰ ਕੇ ਖੁਦ ਰਾਜ ਦਾ ਸੁਖ ਮਾਨਣ ਦੀ ਨੀਤ ਅਤੇ ਨੀਤੀ ਹੇਠ ਫੋਕਾ ਦਿਖਾਵਾ ਕਰਦੇ ਸਨ, ਅੱਜ ਵੀ ਉਹ ਦਿਲੋਂ ਉਸ ਸੋਚ ਨਾਲ ਨਹੀਂ, ਜਿਸ ਦੇ ਝੰਡਾ-ਬਰਦਾਰ ਬਣ ਕੇ ਉਸ ਲਈ ਪੰਜਾਬ ਫਤਹਿ ਕਰਨ ਵਾਸਤੇ ਕਾਫਲੇ ਜੋੜਦੇ ਪਏ ਹਨ। ਸਾਲ ਇੱਕ ਵੀ ਬਾਕੀ ਨਹੀਂ ਰਹਿ ਗਿਆ, ਅਗਲੇ ਸਾਲ ਮਾਰਚ ਤੱਕ ਸਿਆਸਤ ਦੇ ਘੋੜ-ਸਵਾਰ ਆਮ ਲੋਕਾਂ ਮੂਹਰੇ ਨੇਜ਼ਾਬਾਜ਼ੀ ਕਰ ਕੇ ਸੱਤਾ ਦੇ ਕਿੱਲੇ ਪੁੱਟਣ ਰੁੱਝੇ ਦਿੱਸਣਗੇ ਅਤੇ ਉਨ੍ਹਾਂ ਖੇਡਾਂ ਵਿੱਚ ਪੰਜਾਬ ਅਤੇ ਪੰਜਾਬ ਦੇ ਲੋਕ ਵੀ ਉਨ੍ਹਾਂ ਨੇਜ਼ੇਬਾਜ਼ਾਂ ਦੀ ਨੋਕ ਮੂਹਰੇ ਧਰਤੀ ਵਿੱਚ ਗੱਡੇ ਕਿੱਲਿਆਂ ਵਾਂਗ ਚੋਣ ਦਾਅ ਉੱਤੇ ਲੱਗੇ ਹੋਏ ਹੋਣਗੇ। ਇਸ ਦੀ ਸ਼ੁਰੂਆਤ ਹੋ ਚੁੱਕੀ ਤੇ ਪਹਿਲਾ ਗੇਅਰ ਲੱਗ ਚੁੱਕਾ ਹੈ। ਸਿਆਸਤ ਦੀ ਗੱਡੀ ਦੇ ਗੇਅਰ ਚਾਰ-ਪੰਜ ਨਹੀਂ ਹੁੰਦੇ, ਇਹ ਏਨੇ ਜ਼ਿਆਦੇ ਹੁੰਦੇ ਹਨ ਕਿ ਹਰ ਮਹੀਨੇ ਅਤੇ ਹਰ ਹਫਤੇ ਨਵਾਂ ਗੇਅਰ ਲੱਗਦਾ ਗਿਆ ਤਾਂ ਅਗਲੇ ਸਾਲ ਤੱਕ ਪਤਾ ਨਹੀਂ ਕਿੰਨੇ ਲੱਗ ਜਾਣਗੇ ਅਤੇ ਉਨ੍ਹਾਂ ਗੇਅਰਾਂ ਨਾਲ ਵਧਦੀ ਗਈ ਰਫਤਾਰ ਵਿੱਚ ਲੋਕਾਂ ਨੂੰ ਭਾਰਤ ਦੀ ਸੁੱਧ ਕੀ ਰਹਿਣੀ ਹੈ, ਉਨ੍ਹਾਂ ਨੂੰ ਆਪਣਾ ਅਤੇ ਆਪਣੀ ਅਗਲੀ ਪੀੜੀ ਦਾ ਭਲਾ-ਬੁਰਾ ਵੀ ਯਾਦ ਨਹੀਂ ਰਹਿਣਾ। ਆਮ ਲੋਕਾਂ ਨੂੰ ਇਸ ਵਿੱਚੋਂ ਕੀ ਮਿਲੇਗਾ, ਦੋ-ਚਾਰ ਨਵੇਂ ਨਾਅਰੇ ਜਾਂ ਚਾਰ ਦਿਨਾਂ ਦਾ ਰੌਣਕ-ਮੇਲਾ, ਇਸ ਤੋਂ ਬਿਨਾਂ ਕੱਖ ਵੀ ਨਹੀਂ ਮਿਲਣ ਲੱਗਾ। ਆਜ਼ਾਦੀ ਦੇ ਪੰਝੱਤਰ ਸਾਲ ਪੂਰੇ ਹੋਣ ਮੌਕੇ ਮਨਾਇਆ ਜਾਣ ਵਾਲਾ ‘ਆਜ਼ਾਦੀ ਦਾ ਅੰਮ੍ਰਿਤ ਮਹਾ-ਉਤਸਵ’ ਓਦਾਂ ਹੀ ਲੋਕਾਂ ਸਿਰਾਂ ਦੇ ਉੱਤੋਂ ਲੰਘ ਜਾਵੇਗਾ, ਜਿਸ ਤਰ੍ਹਾਂ ਆਜ਼ਾਦੀ ਮਿਲਣ ਪਿੱਛੋਂ ਦੇ ਕੈਲੰਡਰਾਂ ਦੀ ਪੌਣੀ ਸਦੀ ਪੈਰ ਜਿਹੇ ਧਰੀਕਦੀ ਲੰਘ ਗਈ ਸੀ।

# ਜੇਕਰ ਚੀਨ ਇੱਕ ਵੱਡੀ ਤਾਕਤ ਬਣ ਗਿਆ, ਤਾਂ ਫਿਰ ਕੀ ?

ਤਿੰਨ ਸਕੂਲੀ ਬੱਸਾਂ ਦੇ ਆਕਾਰ ਦਾ ਇੱਕ ਚੀਨੀ ‘ਜਾਸੂਸੀ ਗੁਬਾਰਾ’ ਸੰਯੁਕਤ ਰਾਜ ਅਮਰੀਕਾ ਅਤੇ ਕੈਨੇਡਾ ਦੇ ਹਵਾਈ ਖੇਤਰ ਵਿੱਚ ਉੱਡਦਾ ਦੇਖਿਆ ਗਿਆ। ਗੁਬਾਰੇ ਨੇ ਨਾ ਸਿਰਫ਼ ਅਮਰੀਕਾ ਅਤੇ ਚੀਨ ਦੇ ਤਣਾਅਪੂਰਨ ਸਬੰਧਾਂ ਨੂੰ ਹਿਲਾ ਦਿੱਤਾ, ਸਗੋਂ ਇਸ ਨੇ ਹੋਰ ਦੇਸ਼ਾਂ ਨੂੰ ਆਪਣੀ ਰਾਸ਼ਟਰੀ ਸੁਰੱਖਿਆ ਲਈ ਵੀ ਚਿੰਤਤ ਕਰ ਦਿੱਤਾ।

ਚੀਨੀ ਬੈਲੂਨ, ਜਿਸ ’ਤੇ ਕੈਮਰੇ ਅਤੇ ਸੋਲਰ ਪੈਨਲ ਸਨ, 28 ਜਨਵਰੀ ਨੂੰ ਅਲੇਊਟੀਅਨ ਟਾਪੂਆਂ ਦੇ ਉੱਪਰ ਅਮਰੀਕੀ ਹਵਾਈ ਖੇਤਰ ਵਿੱਚ ਦਾਖਲ ਹੋਇਆ। ਫਿਰ ਕੈਨੇਡੀਅਨ ਹਵਾਈ ਖੇਤਰ ਵਿੱਚ ਗਿਆ, ਅਤੇ ਫਿਰ ਅਮਰੀਕਾ ਦੇ ਹਵਾਈ ਖੇਤਰ ਵਿੱਚ ਦੱਖਣ-ਪੂਰਬ ਵੱਲ ਚਲਾ ਗਿਆ ਮਾਲਮਸਟ੍ਰੋਮ ਏਅਰ ਫੋਰਸ ਬੇਸ ਵਰਗੇ ਫੌਜੀ ਠਿਕਾਣਿਆਂ ਉੱਤੇ ਉੱਡਦਾ ਹੋਇਆ, ਜਿਸ ਵਿੱਚ ਬੈਲਿਸਟਿਕ ਹੈ। ਚੀਨ ਨੇ ਕਿਹਾ ਕਿ ਗੁਬਾਰਾ ਇੱਕ ਨਾਗਰਿਕ ਜਹਾਜ਼ ਸੀ ਜੋ ਮੌਸਮ ਦਾ ਅਧਿਐਨ ਕਰਨ ਲਈ ਵਰਤਿਆ ਜਾਂਦਾ ਸੀ ਜੋ ਕਿ ਰਸਤੇ ਤੋਂ ਬਾਹਰ ਹੋ ਗਿਆ ਸੀ। ਸੰਯੁਕਤ ਰਾਜ ਨੇ ਕਿਹਾ ਕਿ ਇਹ ਇੱਕ ਵੱਡੇ ਜਾਸੂਸੀ ਬੇੜੇ ਦਾ ਹਿੱਸਾ ਸੀ ਅਤੇ ਇਸ ਨੂੰ ਖਤਮ ਕਰ ਦਿੱਤਾ ਗਿਆ ਹੈ। ਮਿਲੇ ਗੁਬਾਰੇ ਦੇ ਅਵਸ਼ੇਸ਼ਾਂ ਨੂੰ ਕਥਿਤ ਤੌਰ ’ਤੇ ਅਧਿਐਨ ਕਰਨ ਲਈ ਐੱਫਬੀਆਈ ਲੈਬ ਵਿੱਚ ਲਿਜਾਇਆ ਗਿਆ ਹੈ।

ਇਸ ਚੀਨੀ ‘ਜਾਸੂਸੀ ਗੁਬਾਰੇ’ ਨੂੰ ਡੇਗਣ ਦਾ ਦਾਅਵਾ ਕਰਨ ਤੋਂ ਬਾਅਦ ਅਮਰੀਕੀ ਅਧਿਕਾਰੀਆਂ ਨੇ ਖੁਲਾਸਾ ਕੀਤਾ ਹੈ ਕਿ ਚੀਨ ਅਜਿਹੇ ਗੁਬਾਰਿਆਂ ਦੀ ਵਰਤੋਂ ਕਰਕੇ ਭਾਰਤ ਸਮੇਤ ਹੋਰ ਦੇਸ਼ਾਂ ਬਾਰੇ ਖੁਫੀਆ ਜਾਣਕਾਰੀ ਇਕੱਠੀ ਕਰਨ ਲਈ ਕਰ ਰਿਹਾ ਹੈ। ਅਮਰੀਕੀ ਖੁਫੀਆ ਅਤੇ ਰੱਖਿਆ ਖੇਤਰਾਂ ਨਾਲ ਜੁੜੇ ਅਧਿਕਾਰੀਆਂ ਦਾ ਦਾਅਵਾ ਹੈ ਕਿ ਚੀਨ ਪਿਛਲੇ ਕਈ ਸਾਲਾਂ ਤੋਂ ਅਜਿਹੇ ਗੁਬਾਰਿਆਂ ਨਾਲ ਭਾਰਤ, ਜਾਪਾਨ, ਵੀਅਤਨਾਮ, ਤਾਇਵਾਨ ਅਤੇ ਫਿਲੀਪੀਨਜ਼ ਦੀ ਜਾਸੂਸੀ ਕਰ ਰਿਹਾ ਹੈ, ਇਨ੍ਹਾਂ ਦੇਸ਼ਾਂ ਦੇ ਫੌਜੀ ਟਿਕਾਣਿਆਂ ਬਾਰੇ ਜਾਣਕਾਰੀ ਇਕੱਠੀ ਕਰ ਰਿਹਾ ਹੈ। ਸਵਾਲ ਇਹ ਹੈ ਕਿ ਤਕਨਾਲੋਜੀ ਦੇ ਇਸ ਯੁਗ ਵਿੱਚ ਜਦੋਂ ਉਪਗ੍ਰਹਿ ਰਾਹੀਂ ਅਜਿਹੀ ਜਾਣਕਾਰੀ ਆਸਾਨੀ ਨਾਲ ਪ੍ਰਾਪਤ ਕੀਤੀ ਜਾ ਸਕਦੀ ਹੈ ਤਾਂ ਚੀਨ ਨੂੰ ਅਜਿਹੇ ਗੁਬਾਰਿਆਂ ਦੀ ਵਰਤੋਂ ਕਰਨ ਦੀ ਕੀ ਲੋੜ ਪਈ?

ਇੱਕ ਚੀਨੀ ਜਾਸੂਸੀ ਬੈਲੂਨ ਇੱਕ ਕਿਸਮ ਦਾ ਮਨੁੱਖ ਰਹਿਤ ਏਰੀਅਲ ਵਾਹਨ (ਯੂਏਵੀ) ਹੈ ਜੋ ਚੀਨੀ ਫੌਜ ਦੁਆਰਾ ਖੋਜ ਅਤੇ ਨਿਗਰਾਨੀ ਕਾਰਜਾਂ ਲਈ ਤਾਇਨਾਤ ਕੀਤਾ ਜਾਂਦਾ ਹੈ। ਜਾਸੂਸੀ ਗੁਬਾਰਿਆਂ ਦੀ ਵਰਤੋਂ ਦੁਸ਼ਮਣ ਬਲਾਂ, ਸਰਹੱਦੀ ਸੁਰੱਖਿਆ ਅਤੇ ਹੋਰ ਰਣਨੀਤਕ ਸੰਪਤੀਆਂ ਸਮੇਤ ਕਈ ਤਰ੍ਹਾਂ ਦੇ ਟੀਚਿਆਂ ਦੀ ਨਿਗਰਾਨੀ ਅਤੇ ਨਿਰੀਖਣ ਕਰਨ ਲਈ ਕੀਤੀ ਜਾਂਦੀ ਹੈ।

ਚੀਨੀ ਜਾਸੂਸੀ ਬੈਲੂਨ ਇੱਕ ਮੁਕਾਬਲਤਨ ਨਵੀਂ ਤਕਨੀਕ ਹੈ, ਜੋ 2000 ਦੇ ਦਹਾਕੇ ਦੇ ਸ਼ੁਰੂ ਵਿੱਚ ਵਿਕਸਤ ਕੀਤੀ ਗਈ ਸੀ। ਇਹ ਚੀਨ ਦੇ ਨਿਗਰਾਨੀ ਅਤੇ ਜਾਸੂਸੀ ਸਮਰੱਥਾਵਾਂ ਦੇ ਹਥਿਆਰਾਂ ਵਿੱਚ ਇੱਕ ਮਹੱਤਵਪੂਰਨ ਸਾਧਨ ਹੈ। ਗੁਬਾਰੇ ਨੂੰ ਧੀਮੀ ਚਾਲ ਚੱਲਣ ਲਈ ਤਿਆਰ ਕੀਤਾ ਗਿਆ ਹੈ, ਜਿਸ ਨਾਲ ਇਹ ਖੋਜ ਕੀਤੇ ਬਿਨਾਂ ਵਿਸਤ੍ਰਿਤ ਜਾਣਕਾਰੀ ਇਕੱਠੀ ਕਰ


ਸੁਰਜੀਤ ਸਿੰਘ ਫਲੋਰਾ

ਸਕਦਾ ਹੈ। ਚੀਨੀ ਜਾਸੂਸੀ ਬੈਲੂਨ ਆਮ ਤੌਰ ’ਤੇ ਕਈ ਤਰ੍ਹਾਂ ਦੇ ਸੈਂਸਰਾਂ ਅਤੇ ਕੈਮਰਿਆਂ ਨਾਲ ਲੈਸ ਹੁੰਦਾ ਹੈ ਜੋ ਦੂਰੀ ਤੋਂ ਟੀਚਿਆਂ ਦਾ ਪਤਾ ਲਗਾ ਸਕਦੇ ਹਨ ਅਤੇ ਉਨ੍ਹਾਂ ਨੂੰ ਟਰੈਕ ਕਰ ਸਕਦੇ ਹਨ। ਇਸਦੀ ਖੋਜ ਸਮਰੱਥਾਵਾਂ ਤੋਂ ਇਲਾਵਾ, ਬੈਲੂਨ ਸੰਚਾਰ ਡੇਟਾ ਇਕੱਠਾ ਕਰਨ ਅਤੇ ਜ਼ਮੀਨੀ ਬਲਾਂ ਨੂੰ ਅਸਲ-ਸਮੇਂ ਦੀ ਖੁਫੀਆ ਜਾਣਕਾਰੀ ਪ੍ਰਦਾਨ ਕਰਨ ਵਿੱਚ ਵੀ ਸਮਰੱਥ ਹੈ।

ਚੀਨੀ ਜਾਸੂਸੀ ਗੁਬਾਰਾ ਚੀਨ ਲਈ ਆਪਣੀਆਂ ਸਰਹੱਦਾਂ ਅਤੇ ਖੇਤਰਾਂ ਦੀ ਨਿਗਰਾਨੀ ਕਰਨ ਦਾ ਇੱਕ ਮੁਕਾਬਲਤਨ ਸਸਤਾ ਤਰੀਕਾ ਹੈ।

ਇਸੇ ਤਰ੍ਹਾਂ ਦੇ ਨਿਗਰਾਨੀ ਗੁਬਾਰੇ 2020 ਵਿੱਚ ਜਾਪਾਨ ਵਿੱਚ ਅਤੇ ਪਿਛਲੇ ਸਾਲ ਪੋਰਟ ਬਲੇਅਰ ਵਿਖੇ ਭਾਰਤੀ ਜਲ ਸੈਨਾ ਦੇ ਨੇੜੇ ਦੇਖੇ ਗਏ ਸਨ ਅਤੇ ਕਈ ਵਾਰ ਤਾਈਵਾਨ ਵਿੱਚ ਚੀਨੀ ਨਿਗਰਾਨੀ ਗੁਬਾਰੇ ਦੇਖੇ ਗਏ ਹਨ। ਆਖਰੀ ਵਾਰ ਅਜਿਹਾ 2021 ਵਿੱਚ ਹੋਇਆ ਸੀ ਅਤੇ ਇੱਕ ਸਾਲ ਪਹਿਲਾਂ, ਤਾਈਪੇ ਅਤੇ ਸੋਂਗਸ਼ਾਨ ਏਅਰਪੋਰਟ ਉੱਤੇ ਗੁਬਾਰਿਆਂ ਦੀਆਂ ਫੋਟੋਆਂ ਖਿੱਚੀਆਂ ਗਈਆਂ ਸਨ।

ਇਸੇ ਤਰ੍ਹਾਂ ਦੇ ਮੌਸਮ ਖੋਜ ਗੁਬਾਰੇ ਆਮ ਤੌਰ ’ਤੇ 12 ਮੀਟਰ ਤੋਂ ਘੱਟ ਵਿਆਸ ਵਾਲੇ ਅਤੇ ਰਬੜ ਦੇ ਬਣੇ ਹੁੰਦੇ ਹਨ। ਇਸਦਾ ਮਤਲਬ ਹੈ ਕਿ ਉਹ ਲੰਬੇ ਸਮੇਂ ਲਈ ਸਟ੍ਰੈਟੋਸਫੀਅਰ ਵਿੱਚ ਰਹਿਣ ਦੇ ਯੋਗ ਨਹੀਂ ਹੁੰਦੇ।

ਮਾਹਿਰਾਂ ਦਾ ਮੰਨਣਾ ਹੈ ਕਿ ਇਹ ਗੁਬਾਰੇ ਲੰਬੇ ਸਮੇਂ ਤਕ ਇੱਕ ਥਾਂ ’ਤੇ ਟਿਕੇ ਰਹਿ ਸਕਦੇ ਹਨ, ਜਿਸ ਨਾਲ ਉਨ੍ਹਾਂ ਨੂੰ ਉਸ ਜਗ੍ਹਾ ਦੀਆਂ ਵਧੇਰੇ ਸਪਸ਼ਟ ਤਸਵੀਰਾਂ ਮਿਲ ਸਕਦੀਆਂ ਹਨ। ਇਨ੍ਹਾਂ ਗੈਸ ਨਾਲ ਭਰੇ ਗੁਬਾਰਿਆਂ ਨੂੰ ਹਵਾਈ ਜਹਾਜ਼ਾਂ ਦੀ ਉਚਾਈ ਤੋਂ ਥੋੜ੍ਹਾ ਉੱਪਰ ਜਾਂ ਹੇਠਾਂ ਅਸਮਾਨ ਵਿੱਚ ਲਾਂਚ ਕੀਤਾ ਜਾ ਸਕਦਾ ਹੈ। ਇਹ ਗੁਬਾਰੇ ਆਧੁਨਿਕ ਕੈਮਰਿਆਂ ਨਾਲ ਲੈਸ ਹੁੰਦੇ ਹਨ, ਜਿਨ੍ਹਾਂ ਰਾਹੀਂ ਜ਼ਮੀਨ ਦੀਆਂ ਤਸਵੀਰਾਂ ਲਈਆਂ ਜਾ ਸਕਦੀਆਂ ਹਨ। ਅਮਰੀਕੀ ਅਧਿਕਾਰੀਆਂ ਨੇ 150 ਵਿਦੇਸ਼ੀ ਰਾਜਦੂਤਾਂ ਨਾਲ ਚੀਨ ਦੀ ਗੁਬਾਰੇ ਦੀ ਜਾਸੂਸੀ ਦੀ ਰਿਪੋਰਟ ਸਾਂਝੀ ਕੀਤੀ ਹੈ ਪਰ ਚੀਨ ਨੇ ਇਸ ’ਤੇ ਕੋਈ ਟਿੱਪਣੀ ਨਹੀਂ ਕੀਤੀ ਹੈ। ਇਸ ਤੋਂ ਪਹਿਲਾਂ ਚੀਨ ਨੇ ਦਾਅਵਾ ਕੀਤਾ ਸੀ ਕਿ ਉਸ ਨੇ ਜਲਵਾਯੂ ਪਰਿਵਰਤਨ ਬਾਰੇ ਜਾਣਕਾਰੀ ਲੈਣ ਲਈ ਇਹ ਗੁਬਾਰੇ ਲਾਂਚ ਕੀਤੇ ਸਨ।

ਅਮਰੀਕਾ ਨੇ ਇਹ ਪਿਛਲੀਆਂ ਵਿਸ਼ਵ ਸ਼ਕਤੀਆਂ ਜਿਵੇਂ ਬ੍ਰਿਟੇਨ ਅਤੇ ਫਰਾਂਸ ਤੋਂ ਸਿੱਖਿਆ ਹੈ। ਫਰਕ ਇਹ ਹੈ ਕਿ ਯੂਐੱਸਏ ਇਸ ਨੂੰ ਜ਼ਿਆਦਾ ਹੱਦ ਤਕ ਅਤੇ ਤਕਨੀਕੀ ਆਸਾਨੀ ਨਾਲ ਕਰ ਸਕਦਾ ਹੈ।

ਹਾਲਾਂਕਿ ਅਸਮਾਨ ਜਾਸੂਸੀ ਸੈਟੇਲਾਈਟਾਂ ਨਾਲ ਭਰਿਆ ਹੋਇਆ ਹੈ ਜੋ ਵਿਸ਼ਵ ਸ਼ਕਤੀਆਂ ਇੱਕ ਦੂਜੇ ’ਤੇ ਨਜ਼ਰ ਰੱਖਣ ਲਈ ਵਰਤਦੀਆਂ ਹਨ। ਪਿਛਲੇ ਸਾਲ ਪੀਪਲਜ਼ ਲਿਬਰੇਸ਼ਨ ਆਰਮੀ ਡੇਲੀ ਦੁਆਰਾ ਪ੍ਰਕਾਸ਼ਿਤ ਇੱਕ ਰਿਪੋਰਟ ਵਿੱਚ ਚੀਨੀ ਫੌਜ ਨੇ ਕਿਹਾ ਕਿ ਇਹ ਬਹੁਤ ਸਸਤੇ ਉੱਚ-ਉਚਾਈ ਨਿਗਰਾਨੀ ਗੁਬਾਰੇ, ਜੋ ਕਿ ਸੈਟੇਲਾਈਟ ਤੋਂ ਵੀ ਨੇੜੇ ਤੋਂ ਵੱਡੇ ਖੇਤਰਾਂ ਨੂੰ ਸਕੈਨ ਕਰ ਸਕਦੇ ਹਨ ਅਤੇ ਇੱਕ ਖੇਤਰ ਵਿੱਚ ਘੁੰਮਣ ਵਿੱਚ ਵਧੇਰੇ ਸਮਾਂ ਬਿਤਾ ਸਕਦੇ ਹਨ, ਇੱਕ ਵਧੀਆ ਵਸੀਲਾ ਹੋ ਸਕਦਾ ਹੈ। ਜੰਗ ਲਈ, ਨਾ ਕਿ ਸਿਰਫ਼ ਨਿਗਰਾਨੀ, ਸੰਚਾਰ, ਅਤੇ ਜਾਣਕਾਰੀ ਇਕੱਠੀ ਕਰਨ ਲਈ।

